# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ : 07-06-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਸਾਨਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਏ । ਕੇਂਦਰ ਵਿੱਚ ਐਨ.ਡੀ.ਏ. ਸਰਕਾਰ ਦੇ 11 ਸਾਲ ਪੂਰੇ ਹੋਣ 'ਤੇ ਉਹਨਾਂ ਕਿਹਾ ਕਿ ਦੇਸ਼ ਦੇ ਮਿਹਨਤੀ ਕਿਸਾਨਾਂ ਦੀ ਸੇਵਾ ਕਰਨਾ ਸਰਕਾਰ ਲਈ ਇਕ ਸਨਮਾਨ ਦੀ ਗੱਲ ਏ । ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਿਛਲੇ 11 ਸਾਲਾਂ ਤੋਂ, ਵੱਖ-ਵੱਖ ਸਰਕਾਰੀ ਪਹਿਲਕਦਮੀਆਂ ਨੇ ਕਿਸਾਨਾਂ ਦੀ ਖੁਸ਼ਹਾਲੀ ਨੂੰ ਵਧਾ ਦਿੱਤਾ ਏ  ਤੇ ਖੇਤੀਬਾੜੀ ਖੇਤਰ ਦੇ ਸਮੁੱਚੇ ਰੂਪਾਂਤਰਣ ਨੂੰ ਵੀ ਯਕੀਨੀ ਬਣਾਇਆ ਏ । ਉਨ੍ਹਾਂ ਕਿਹਾ ਕਿ ਸਰਕਾਰ ਨੇ ਮਿੱਟੀ ਦੀ ਸਿਹਤ ਤੇ ਸਿੰਚਾਈ ਵਰਗੇ ਮੁੱਦਿਆਂ 'ਤੇ ਧਿਆਨ ਕੇਂਦਰਿਤ ਕੀਤਾ ਏ , ਜੋ ਕਿ ਲਾਭਦਾਇਕ ਸਾਬਿਤ ਹੋ ਰਹੇ ਨੇ । ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨ ਭਲਾਈ ਲਈ ਸਰਕਾਰੀ ਯਤਨ ਹੋਰ ਤੇਜੀ  ਨਾਲ ਜਾਰੀ ਰਹਿਣਗੇ ।

-----------------------------------------------------------------------

punjab samet ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਅੱਜ ਈਦ-ਉਲ-ਅਜ਼ਹਾ ਧਾਰਮਿਕ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਜਾ ਰਿਹਾ ਏ । ਸ਼ਰਧਾਲੂਆਂ ਨੇ ਅੱਜ ਸਵੇਰੇ  ਮਸਜਿਦਾਂ ਵਿੱਚ ਈਦ ਦੀ ਨਮਾਜ਼ ਅਦਾ ਕੀਤੀ ਤੇ ਮੁਬਾਰਕਾਂ ਦਿੱਤੀਆਂ। ਰਾਸ਼ਟਰਪਤੀ, ਉਪ-ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੇ ਈਦ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ । ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇਸ ਤਿਉਹਾਰ ਨੂੰ ਕੁਰਬਾਨੀ, ਵਿਸ਼ਵਾਸ ਤੇ ਮਨੁੱਖੀ ਕਦਰਾਂ-ਕੀਮਤਾਂ ਦਾ ਪ੍ਰਤੀਕ ਦੱਸਿਆ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ ਲਿਖਿਆ,  ਇਹ ਤਿਉਹਾਰ ਸਾਰਿਆਂ ਨੂੰ ਕੁਰਬਾਨੀ ਦੀ ਸ਼ਕਤੀ ਤੇ ਉਦਾਰਤਾ ਦੇ ਆਸ਼ੀਰਵਾਦ ਦੀ ਯਾਦ ਦਿਵਾਉਂਦਾ ਏ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਮਾਜ ਵਿਚ ਸਦਭਾਵਨਾ ਦੀ ਪ੍ਰੇਰਨਾ ਤੇ ਸ਼ਾਂਤੀ ਦੇ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਦੀ ਕਾਮਨਾ ਕੀਤੀ। ਉਨ੍ਹਾਂ ਸਾਰੇ ਨਾਗਰਿਕਾਂ ਦੀ ਚੰਗੀ ਸਿਹਤ ਤੇ ਖੁਸ਼ਹਾਲੀ ਦੀ ਵੀ ਕਾਮਨਾ ਕੀਤੀ।

-----------------------------------------------------------------------

ਜਿਲਾ ਗੁਰਦਾਸਪੁਰ ਦੇ ਕਸਬਾ ਕਾਦੀਆ ਵਿੱਚ ਮੁਸਲਿਮ ਅਹਿਮਦੀਆ ਜਮਾਤ ਦੇ ਇੰਟਰਨੈਸ਼ਨਲ ਹੈਡਕੁਆਰਟਰ ਵਿਖੇ ਈਦ ਦੀ ਨਮਾਜ਼ ਅਦਾ ਕੀਤੀ ਗਈ। ਇਸ ਤੋਂ ਇਲਾਵਾ ਮਿਨੀ ਮੱਕਾ ਵਜੋਂ ਜਾਣੇ ਜਾਂਦੇ ਰੋਜ਼ਾ

ਸ਼ਰੀਫ ਸਰਹਿੰਦ ਵਿਖੇ ਮੁਸਲਿਮ ਭਾਈਚਾਰੇ ਵੱਲੋਂ ਈਦ ਦਾ ਤਿਉਹਾਰ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਓਧਰ ਪਠਾਨਕੋਟ ਦੀ ਡਲਹੌਜ਼ੀ ਰੋਡ 'ਤੇ ਸਥਿਤ ਹੀਰਾ ਮਸਜਿਦ ਵਿੱਚ ਸਵੇਰ ਦੀ ਨਮਾਜ਼ ਅਦਾ ਕੀਤੀ ਗਈ। ਸਾਬਕਾ ਮੰਤਰੀ ਮਾਸਟਰ ਮੋਹਨ ਲਾਲ ਨੇ ਵੀ ਇਸ ਵਿੱਚ ਹਿੱਸਾ ਲਿਆ ਅਤੇ ਸਾਰਿਆਂ ਨੂੰ ਈਦ ਦੀ ਵਧਾਈ ਦਿੱਤੀ ਤੇ ਆਪਸੀ ਭਾਈਚਾਰਾ ਬਣਾਈ ਰੱਖਣ ਦੀ ਅਪੀਲ ਕੀਤੀ।

---

ਕੇਂਦਰੀ ਬਿਜਲੀ ਮੰਤਰੀ ਨੇ ਪੰਜਾਬ ਵਿੱਚ ਤਿੰਨ ਵਾਧੂ 800 ਮੈਗਾਵਾਟ ਬਿਜਲੀ ਉਤਪਾਦਨ ਯੂਨਿਟ ਸਥਾਪਤ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ। ਚੰਡੀਗੜ੍ਹ ਵਿਖੇ ਉੱਤਰੀ ਭਾਰਤ ਦੇ ਬਿਜਲੀ ਮੰਤਰੀਆਂ ਦੀ ਇਕ ਕਾਨਫਰੰਸ ਦੌਰਾਨ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਮੰਗ ਨੂੰ ਸਵੀਕਾਰ ਕਰਦੇ ਹੋਏ ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਨੇ ਅਧਿਕਾਰੀਆਂ ਨੂੰ ਕੋਲਾ ਢੋਆ-ਢੁਆਈ ਦੀ ਸੀਮਾ ਨੂੰ 1500 ਕਿਲੋਮੀਟਰ ਤੋਂ ਵੱਧ ਵਧਾਉਣ ਦੇ ਨਿਰਦੇਸ਼ ਦਿੱਤੇ ਤੇ ਰੋਪੜ ਵਿਚ ਦੋ ਵਾਧੂ 800 ਮੈਗਾਵਾਟ ਬਿਜਲੀ ਉਤਪਾਦਨ ਪਲਾਂਟ ਸਥਾਪਤ ਕਰਨ ਨੂੰ ਪ੍ਰਵਾਨਗੀ ਦਿੱਤੀ। ਇਸ ਤੋਂ ਇਲਾਵਾ, ਪੰਜਾਬ ਵਿੱਚ ਇਕ ਨਵਾਂ 800 ਮੈਗਾਵਾਟ ਯੂਨਿਟ ਸਥਾਪਤ ਕਰਨ ਲਈ ਵੀ ਪ੍ਰਵਾਨਗੀ ਦਿੱਤੀ ਗਈ। ਕੇਂਦਰੀ ਬਿਜਲੀ ਮੰਤਰੀ ਦੀ ਇਸ ਪ੍ਰਵਾਨਗੀ ਨਾਲ, ਪੰਜਾਬ

ਵਿੱਚ 2400 ਮੈਗਾਵਾਟ ਥਰਮਲ ਪਲਾਂਟ ਸਥਾਪਤ ਕਰਨ ਦਾ ਰਸਤਾ ਸਾਫ਼ ਹੋ ਗਿਆ ਏ ।

---------------------------------------------------------------------------

ਭਾਰਤ ਇਸ ਵਰੇ 10ਵਾਂ ਅੰਤਰਰਾਸ਼ਟਰੀ ਯੋਗ ਦਿਵਸ ਮਨਾ ਰਿਹਾ ਏ , ਇਹ ਯੋਗ ਦਿਵਸ 21 ਜੂਨ ਨੂੰ ਮਨਾਇਆ ਜਾਂਦਾ ਏ, ਇਸ ਵਰੇ ਵੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਯੋਗ ਦਿਵਸ ਤੇ ਰਾਸ਼ਟਰ ਦੀ ਅਗਵਾਈ ਕਰਨਗੇ, ਯੋਗ ਦਾ ਸਾਡੇ ਜੀਵਨ ਵਿਚ ਕੀ ਮਹੱਤਵ ਏ ਤੇ ਇਹ ਕਿਸ ਤਰ੍ਹਾਂ ਸਾਨੂੰ ਬਿਮਾਰੀਆਂ ਤੋਂ ਦੂਰ ਕਰਕੇ ਸੇਹਤਮੰਦ ਬਣਾਉਂਦਾ ਏ, ਇਸ ਬਾਰੇ ਆਕਾਸ਼ਵਾਣੀ ਜਲੰਧਰ ਦੇ ਸਮੂਹ ਨੈਟਵਰਕਾਂ ਤੇ ਅੱਜ ਰਾਤ 8 ਵਜੇ ਆਕਾਸ਼ਵਾਣੀ ਖ਼ਬਰਾਂ ਵਲੋਂ ਜਲੰਧਰ ਸਥਿਤ ਪੰਜਾਬ ਮੈਡੀਕਲ ਸਾਇੰਸ ਸੰਸਥਾਨ (ਪਿਮਸ) ਦੀ ਯੋਗ ਮਾਹਿਰ ਵਿਜੇਲਕਸ਼ਮੀ ਨਾਲ ਵਿਸ਼ੇਸ਼ ਵਾਰਤਾ ਪ੍ਰਸਾਰਿਤ ਕੀਤੀ ਜਾਵੇਗੀ .

---------------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਗੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਲੁਧਿਆਣਾ ਦੇ ਮੁੱਲਾਂਪੁਰ ਵਿਚ ਨਸ਼ਾ ਛੁਡਾਊ ਤੇ ਹੁਨਰ ਵਿਕਾਸ ਲਈ ਇਕ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕੀਤਾ ਜਾ ਰਿਹਾ ਏ । ਲੁਧਿਆਣਾ ਵਿਚ 35 ਤੋਂ ਵੱਧ ਗੈਰ-ਸਰਕਾਰੀ ਸੰਗਠਨਾਂ ਦੇ ਮੈਂਬਰਾਂ ਨਾਲ ਮੀਟਿੰਗ ਕਰਦੇ ਹੋਏ

ਸਿਹਤ ਮੰਤਰੀ ਨੇ ਕਿਹਾ ਕਿ ਨਸ਼ੇੜੀਆਂ ਨੂੰ ਨਸ਼ਿਆਂ ਤੋਂ ਬਚਾਉਣ ਤੋਂ ਇਲਾਵਾ ਇਹ ਕੇਂਦਰ ਉਨ੍ਹਾਂ ਨੂੰ ਹੁਨਰ ਵਿਕਸਤ ਕਰਨ ਵਿਚ ਵੀ ਮਦਦ ਕਰੇਗਾ, ਜਿਸ ਨਾਲ ਉਨ੍ਹਾਂ ਨੂੰ ਬਿਹਤਰ ਜੀਵਨ-ਨਿਰਬਾਹ ਮਿਲੇਗੀ। ਇਸ ਤੋਂ ਪਹਿਲਾਂ ਬੀਤੇ ਦਿਨ ਡਾ: ਬਲਬੀਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਪੰਜਾਬ ਸਰਕਾਰ ਵਲੋਂ ਸੂਬੇ ਦੇ ਨਸ਼ਾ ਛੁਡਾਊ ਕੇਂਦਰਾਂ ਵਿਚ 5 ਹਜ਼ਾਰ ਵਾਧੂ ਬਿਸਤਰਿਆਂ ਦਾ ਪ੍ਰਬੰਧ ਕੀਤਾ ਗਿਆ ਏ, ਜਿਸ ਤਹਿਤ ਮਲੇਰਕੋਟਲਾ ਦੇ ਸਰਕਾਰੀ ਹਸਪਤਾਲ ਵਿਖੇ 30 ਵਾਧੂ ਬਿਸਤਰੇ ਲਗਾਏ ਗਏ ਨੇ । ਡਾ: ਬਲਬੀਰ ਸਿੰਘ ਨੇ ਦੱਸਿਆ ਕਿ ਨਸ਼ੇ ਛੱਡਣ ਵਾਲੇ ਵਿਅਕਤੀਆਂ ਨੂੰ ਬਿਹਤਰ ਜਿੰਦਗੀ ਜਿਉਣ ਦਾ ਮੌਕਾ ਪ੍ਰਦਾਨ ਕਰਨ ਲਈ ਨਸ਼ਾ ਛੁਡਾਊ ਕੇਂਦਰਾਂ ਵਿੱਚ ਹੁਨਰ ਵਿਕਾਸ ਕੋਰਸ ਵੀ ਸ਼ੁਰੂ ਕਰਵਾਏ ਜਾ ਰਹੇ ਨੇ ।

---

ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਪਾਕਿਸਤਾਨ ਨਾਲ ਜੁੜੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਏ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਦਾਓਕੇ ਦੇ ਰਹਿਣ ਵਾਲੇ ਸੁਖਚੈਨ ਸਿੰਘ ਤੇ ਅੰਮ੍ਰਿਤਸਰ ਦੇ ਪਿੰਡ ਭਕਨਾ ਕਲਾਂ ਦੇ ਰਹਿਣ ਵਾਲੇ ਜੁਗਰਾਜ ਸਿੰਘ ਵਜੋਂ ਹੋਈ ਏ।

ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿਚੋਂ ਅੱਠ ਆਧੁਨਿਕ ਪਿਸਤੌਲ, ਤਿੰਨ ਗਲੌਕ, 4 ਪੀਐਕਸ ਤੇ ਇਕ .30 ਬੋਰ ਦਾ ਪਿਸਤੌਲ ਬਰਾਮਦ ਕੀਤੇ ਨੇ । ਡੀ.ਜੀ.ਪੀ. ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਦੋਸ਼ੀ ਪਾਕਿਸਤਾਨ ਸਥਿਤ ਤਸਕਰ ਨੂਰ ਦੇ ਨਿਰਦੇਸ਼ਾਂ ਹੇਠ ਕੰਮ ਕਰ ਰਹੇ ਸਨ, ਜੋ ਸਰਹੱਦ ਪਾਰ ਤੋਂ ਹਥਿਆਰਾਂ ਦੀ ਖੇਪ ਸੁੱਟਣ ਲਈ ਡਰੋਨ ਦੀ ਵਰਤੋਂ ਕਰਦਾ ਸੀ । ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੂਬੇ ਵਿੱਚ ਅਪਰਾਧਿਕ ਗਤੀਵਿਧੀਆਂ ਨੂੰ ਹੁਲਾਰਾ ਦੇਣ ਦੇ ਇਰਾਦੇ ਨਾਲ ਪੰਜਾਬ ਭਰ ਦੇ ਗੈਂਗਸਟਰਾਂ ਨੂੰ ਹਥਿਆਰ ਵੰਡ ਰਹੇ ਸਨ ।